TODAY'S HUKAMNAMA FROM SRI DARBAR SAHIB, Sri Amritsar.

[November 12 , 2018 - Monday - 05:30 AM. IST]

ਜਬ ਜਰੀਐ ਤਬ ਹੋਇ ਭਸਮ ਤਨੁ ਰਹੈ ਕਿਰਮ ਦਲ ਖਾਈ ॥ ਕਾਚੀ ਗਾਗਰਿ ਨੀਰੁ ਪਰਤੁ ਹੈ ਇਆ ਤਨ ਕੀ ਇਹੈ ਬਡਾਈ ॥੧॥ ਕਾਹੇ ਭਈਆ ਫਿਰਤੌ ਫੂਲਿਆ ਫੂਲਿਆ ॥ ਜਬ ਦਸ ਮਾਸ ਉਰਧ ਮੁਖ ਰਹਤਾ ਸੋ ਦਿਨੁ ਕੈਸੇ ਭੂਲਿਆ ॥੧॥ ਰਹਾਉ ॥ ਜਿਉ ਮਧੁ ਮਾਖੀ ਤਿਉ ਸਠੋਰਿ ਰਸੁ ਜੋਰਿ ਜੋਰਿ ਧਨੁ ਕੀਆ ॥ ਮਰਤੀ ਬਾਰ ਲੇਹੁ ਲੇਹੁ ਕਰੀਐ ਭੂਤੁ ਰਹਨ ਕਿਉ ਦੀਆ ॥੨॥ ਦੇਹੁਰੀ ਲਉ ਬਰੀ ਨਾਰਿ ਸੰਗਿ ਭਈ ਆਗੈ ਸਜਨ ਸੁਹੇਲਾ ॥ ਮਰਘਟ ਲਉ ਸਭੁ ਲੋਗੁ ਕੁਟੰਬੁ ਭਇਓ ਆਗੈ ਹੰਸੁ ਅਕੇਲਾ ॥੩॥ ਕਹਤੁ ਕਬੀਰ ਸੁਨਹੁ ਰੇ ਪ੍ਰਾਨੀ ਪਰੇ ਕਾਲ ਗ੍ਰਸ ਕੂਆ ॥ ਝੂਠੀ ਮਾਇਆ ਆਪੁ ਬੰਧਾਇਆ ਜਿਉ ਨਲਨੀ ਭ੍ਰਮਿ ਸੂਆ ॥੪॥੨॥

ਰਾਗੁ ਸੋਰਠਿ ਬਾਣੀ ਭਗਤ ਕਬੀਰ ਜੀ ਕੀ ਘਰੁ ੧

ਸੋਮਵਾਰ, ੨੭ ਕੱਤਕ (ਸੰਮਤ ੫੫੦ ਨਾਨਕਸ਼ਾਹੀ) ੧੨ ਨਵੰਬਰ, ੨੦੧੮ (ਅੰਗ: ੬੫੪)

ਪੰਜਾਬੀ ਵਿਆਖਿਆ:

ਰਾਗੁ ਸੋਰਠਿ ਬਾਣੀ ਭਗਤ ਕਬੀਰ ਜੀ ਕੀ ਘਰੁ ੧

ਮਰਨ ਪਿਛੋਂ ਜੇ ਸਰੀਰ ਚਿਖਾ ਵਿਚ ਸਾੜਿਆ ਜਾਏ ਤਾਂ ਇਹ ਸੁਆਹ ਹੋ ਜਾਂਦਾ ਹੈ, ਜੇ ਕਬਰ ਵਿਚ ਟਿਕਿਆ ਰਹੇ ਤਾਂ ਕੀੜਿਆਂ ਦਾ ਦਲ ਇਸ ਨੂੰ ਖਾ ਜਾਂਦਾ ਹੈ। ਜਿਵੇਂ ਕੱਚੇ ਘੜੇ ਵਿਚ ਪਾਣੀ ਪੈਂਦਾ ਹੈ ਤੇ ਘੜਾ ਗਲ ਕੇ ਪਾਣੀ ਬਾਹਰ ਨਿਕਲ ਜਾਂਦਾ ਹੈ, ਤਿਵੇਂ ਸੁਆਸ ਮੁੱਕ ਜਾਣ ਤੇ ਸਰੀਰ ਵਿਚੋਂ ਭੀ ਜਿੰਦ ਨਿਕਲ ਜਾਂਦੀ ਹੈ, ਸੋ, ਇਸ ਸਰੀਰ ਦਾ ਇਤਨਾ ਕੁ ਹੀ ਮਾਣ ਹੈ ਜਿਹੜਾ ਕੱਚੇ ਘੜੇ ਦਾ।੧। ਹੇ ਭਾਈ! ਤੂੰ ਕਿਸ ਗੱਲੇ ਹੰਕਾਰ ਵਿਚ ਆਫਰਿਆ ਫਿਰਦਾ ਹੈਂ? ਤੈਨੂੰ ਉਹ ਸਮਾਂ ਕਿਉਂ ਭੁਲ ਗਿਆ ਹੈ ਜਦੋਂ ਤੂੰ ਮਾਂ ਦੇ ਪੇਟ ਵਿਚ ਦਸ ਮਹੀਨੇ ਉਲਟਾ ਟਿਕਿਆ ਰਿਹਾ ਸੈਂ ? ਰਹਾਉ। ਜਿਵੇਂ ਮੱਖੀ ਫੁਲਾਂ ਦਾ ਰਸ ਜੋੜ ਜੋੜ ਕੇ ਸ਼ਹਿਦ ਇਕੱਠਾ ਕਰਦੀ ਹੈ, ਤਿਵੇਂ ਮੂਰਖ ਬੰਦੇ ਨੇ ਸਰਫ਼ੇ ਕਰ ਕਰ ਕੇ ਧਨ ਜੋੜਿਆ ਪਰ ਆਖ਼ਰ ਉਹ ਬਿਗਾਨਾ ਹੀ ਹੋ ਗਿਆ। ਮੌਤ ਆਈ, ਤਾਂ ਸਭ ਇਹੀ ਆਖਦੇ ਹਨ – ਲੈ ਚੱਲੋ, ਲੈ ਚੱਲੋ, ਹੁਣ ਇਹ ਬੀਤ ਚੁਕਿਆ ਹੈ, ਬਹੁਤਾ ਚਿਰ ਘਰ ਰੱਖਣ ਦਾ ਕੋਈ ਲਾਭ ਨਹੀਂ।੨। ਘਰ ਦੀ ਬਾਹਰਲੀ ਦਲੀਜ਼ ਤਕ ਵਹੁਟੀ ਉਸ ਮੁਰਦੇ ਦੇ ਨਾਲ ਜਾਂਦੀ ਹੈ, ਅਗਾਂਹ ਸੱਜਣ ਮਿੱਤਰ ਚੁੱਕ ਲੈਂਦੇ ਹਨ, ਮਸਾਣਾਂ ਤਕ ਪਰਵਾਰ ਦੇ ਬੰਦੇ ਤੇ ਹੋਰ ਲੋਕ ਜਾਂਦੇ ਹਨ, ਪਰ ਪਰਲੋਕ ਵਿਚ ਤਾਂ ਜੀਵ–ਆਤਮਾ ਇਕੱਲਾ ਹੀ ਜਾਂਦਾ ਹੈ।੩। ਕਬੀਰ ਆਖਦਾ ਹੈ–ਹੇ ਬੰਦੇ! ਸੁਣ, ਤੂੰ ਉਸ ਖੂਹ ਵਿਚ ਡਿੱਗਾ ਪਿਆ ਹੈਂ ਜਿਸ ਨੂੰ ਮੌਤ ਨੇ ਘੇਰਿਆ ਹੋਇਆ ਹੈ ਭਾਵ, ਮੌਤ ਅਵੱਸ਼ ਆਉਂਦੀ ਹੈ। ਪਰ, ਤੂੰ ਆਪਣੇ ਆਪ ਨੂੰ ਇਸ ਮਾਇਆ ਨਾਲ ਬੰਨ੍ਹ ਰੱਖਿਆ ਹੈ ਜਿਸ ਨਾਲ ਸਾਥ ਨਹੀਂ ਨਿਭਣਾ, ਜਿਵੇਂ ਤੋਤਾ ਮੌਤ ਦੇ ਡਰ ਤੋਂ ਆਪਣੇ ਆਪ ਨੂੰ ਨਲਨੀ ਨਾਲ ਚੰਬੋੜ ਰੱਖਦਾ ਹੈ (ਨੋਟ–ਨਲਨੀ ਨਾਲ ਚੰਬੜਨਾ ਤੋਤੇ ਦੀ ਫਾਹੀ ਦਾ ਕਾਰਨ ਬਣਦਾ ਹੈ, ਮਾਇਆ ਨਾਲ ਚੰਬੜੇ ਰਹਿਣਾ ਮਨੁੱਖ ਦੀ ਆਤਮਕ ਮੌਤ ਦਾ ਕਾਰਨ ਬਣਦਾ ਹੈ।੪।੨।

ਸ਼ਬਦ ਦਾ ਭਾਵ:–ਮਾਇਆ ਦਾ ਮਾਣ ਕੂੜਾ ਹੈ, ਕਿਸੇ ਚੀਜ਼ ਨਾਲ ਭੀ ਸਾਥ ਸਦਾ ਨਹੀਂ ਨਿਭਦਾ। ਮਾਇਆ ਦਾ ਮੋਹ ਸਗੋਂ ਮਨੁੱਖ ਦੀ ਆਤਮਕ ਮੌਤ ਦਾ ਕਾਰਨ ਬਣਦਾ ਹੈ, ਜਿਵੇਂ ਨਲਨੀ ਨਾਲ ਚੰਬੜ ਕੇ ਤੋਤਾ ਬਿਗਾਨੀ ਕੈਦ ਵਿਚ ਫਸਦਾ ਹੈ।

English Translation :

RAAG SORAT'H, THE WORD OF DEVOTEE KABEER JEE, FIRST HOUSE:

When the body is burnt, it turns to ashes; if it is not cremated, then it is eaten by armies of worms. The unbaked clay pitcher dissolves, when water is poured into it; this is also the nature of the body. || 1 || Why, O Siblings of Destiny, do you strut around, all puffed up with pride? Have you forgotten those days, when you were hanging, face down, for ten months? || 1 || Pause || Like the bee which collects honey, the fool eagerly gathers and collects wealth. At the time of death, they shout, "Take him away, take him away! Why leave a ghost lying around?" || 2 || His wife accompanies his to the threshold, and his friends and companions beyond. All the people and relatives go as far as the cremation grounds, and then, the soul-swan goes on alone. || 3 || Says Kabeer, listen, O mortal being: you have been seized by Death, and you have fallen into the deep, dark pit. You have entangled yourself in the false wealth of Maya, like the parrot caught in the trap. || 4 || 2 ||

Monday, 27th Katak (Samvat 550 Nanakshahi) 12th November 2018 (Page: 654)